**ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਬ੍ਰਾਜ਼ੀਲ ਦੇ ਰਾਸ਼ਟਰਪਤੀ ਦਾ ਟੈਲੀਫੋਨ ਕਾਲ ਆਇਆ (07 ਅਗਸਤ, 2025)**

08 ਅਗਸਤ 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੂੰ ਅੱਜ (07 ਅਗਸਤ, 2025) ਬ੍ਰਾਜ਼ੀਲ ਦੇ ਰਾਸ਼ਟਰਪਤੀ, ਮਹਾਮਹਿਮ, ਸ਼੍ਰੀ ਲੁਈਜ਼ ਇਨਾਸੀਓ ਲੂਲਾ ਦਾ ਸਿਲਵਾ ਦਾ ਟੈਲੀਫੋਨ ਆਇਆ।

ਪ੍ਰਧਾਨ ਮੰਤਰੀ ਨੇ ਪਿਛਲੇ ਮਹੀਨੇ ਬ੍ਰਾਜ਼ੀਲ ਦੀ ਆਪਣੀ ਫੇਰੀ ਨੂੰ ਯਾਦ ਕੀਤਾ ਜਿਸ ਦੌਰਾਨ ਦੋਵੇਂ ਨੇਤਾ ਵਪਾਰ, ਤਕਨਾਲੋਜੀ, ਊਰਜਾ, ਰੱਖਿਆ, ਖੇਤੀਬਾੜੀ, ਸਿਹਤ ਅਤੇ ਲੋਕਾਂ ਦਰਮਿਆਨ ਸਬੰਧਾਂ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਢਾਂਚੇ 'ਤੇ ਸਹਿਮਤ ਹੋਏ ਸਨ।

ਇਨ੍ਹਾਂ ਵਿਚਾਰ-ਵਟਾਂਦਰੇ ਦੇ ਆਧਾਰ 'ਤੇ, ਉਨ੍ਹਾਂ ਨੇ ਭਾਰਤ-ਬ੍ਰਾਜ਼ੀਲ ਰਣਨੀਤਕ ਭਾਈਵਾਲੀ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

ਦੋਵਾਂ ਆਗੂਆਂ ਨੇ ਆਪਸੀ ਹਿੱਤਾਂ ਦੇ ਵੱਖ-ਵੱਖ ਖੇਤਰੀ ਅਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

ਦੋਵੇਂ ਨੇਤਾਵਾਂ ਨੇ ਸੰਪਰਕ ਵਿੱਚ ਬਣੇ ਰਹਿਣ 'ਤੇ ਸਹਿਮਤੀ ਵਿਅਕਤ ਕੀਤੀ।

ਨਵੀਂ ਦਿੱਲੀ

07 ਅਗਸਤ 2025